# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਕ ਖਬਰਾਂ

## 18:20

**ਮਿਤੀ :23-09-2026**

- ਪੰਜਾਬ ਸਰਕਾਰ ਵੱਲੋਂ 8 ਲੱਖ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਡੀ.ਏ. ਦਾ 8 ਫੀਸਦੀ ਵਾਧਾ ਸਤੰਬਰ ਦੀ ਤਨਖਾਹ ਨਾਲ ਮਿਲੇਗਾ- ਵਾਧੇ ਦਾ ਨੋਟੀਫਿਕੇਸ਼ਨ ਜਾਰੀ।
- ਦੇਸ਼ ਵਿਆਪੀ ਬੈਂਕ ਹੜਤਾਲ ਦੇ ਮੱਦੇਨਜ਼ਰ ਬੈਂਕ ਯੂਨੀਅਨਾਂ ਦੀ ਸੰਯੁਕਤ ਫੋਰਮ ਵੱਲੋਂ 28 ਤੋਂ 30 ਸਤੰਬਰ ਤੱਕ ਬੁਲਾਈ ਗਈ ਤਜਵੀਜ਼ਸ਼ੁਦਾ ਤਿੰਨ ਦਿਨਾਂ ਦੇਸ਼ ਵਿਆਪੀ ਬੈਂਕ ਐਤਵਾਰ, 27 ਸਤੰਬਰ, ਨੂੰ ਖੁੱਲ੍ਹੇ ਰਹਿਣਗੇ।
- ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਵਲੋਂ ਨਸ਼ਾ ਵਿਰੋਧੀ ਹੈਲਪਲਾਈਨ ਨੰਬਰਾਂ ਦੀ ਸ਼ੁਰੂਆਤ- ਲੋਕਾਂ ਨੂੰ ਨਸ਼ਾ ਤਸਕਰੀ ਦੇ ਮਾਮਲਿਆਂ ਦੀ ਰਿਪੋਰਟ ਕਰਨ ਦੀ ਕੀਤੀ ਅਪੀਲ।
- ਸੀਨੀਅਰ ਕੇਂਦਰੀ ਆਗੂ ਅਨੁਰਾਗ ਠਾਕੁਰ ਨੇ, ਜ਼ਿਲ੍ਹਾ ਰੂਪਨਗਰ ਵਿਖੇ 'ਨਸ਼ਾ ਮੁਕਤ ਯਾਤਰਾ' ਦੀ ਅਗਵਾਈ ਕੀਤੀ।

ਅਤੇ

- ਨਸ਼ਾ ਮੁਕਤ ਯਾਤਰਾ’ ਚੋਂ ਵਾਪਿਸ ਆਉਂਦੇ BJP ਵਰਕਰਾਂ ਦੀ ਕਾਰ ਮਾਨਸਾ ਵਿਚ ਹਾਦਸਾਗ੍ਰਸਤ -ਇਕ ਦੀ ਮੌਤ-5 ਜ਼ਖ਼ਮੀ ਹੋਏ।

----------------------------------------------------------------

ਪੰਜਾਬ ਸਰਕਾਰ ਨੇ ਸੂਬੇ ਭਰ ਦੇ 8 ਲੱਖ ਤੋਂ ਵੱਧ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਲਈ ਪਹਿਲੀ ਸਤੰਬਰ ਤੋਂ ਮਹਿੰਗਾਈ ਭੱਤੇ-DA ਵਿੱਚ 8 ਫੀਸਦੀ ਵਾਧਾ ਕਰਨ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਏ। ਇਸ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਦਫ਼ਤਰ ਨੇ ਕਿਹਾ ਕਿ ਇਹ ਫੈਸਲਾ ਸੂਬਾ ਸਰਕਾਰ ਦੀ ਆਪਣੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀ ਭਲਾਈ ਅਤੇ ਵਿੱਤੀ ਖੁਸ਼ਹਾਲੀ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਏ। ਇਹ ਫੈਸਲਾ ਮੁਲਾਜ਼ਮ ਜਥੇਬੰਦੀਆਂ ਦੇ ਨੁਮਾਇੰਦਿਆਂ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਿਚਕਾਰ ਮੁੱਖ ਮੰਤਰੀ ਦੀ ਰਿਹਾਇਸ਼ 'ਤੇ ਹਾਲ ਹੀ ਵਿੱਚ ਹੋਈ ਮੀਟਿੰਗ ਤੋਂ ਬਾਅਦ ਲਿਆ ਗਿਆ । ਇਸ ਮੀਟਿੰਗ ਦੌਰਾਨ ਮਹਿੰਗਾਈ ਭੱਤੇ ਵਿੱਚ ਵਾਧੇ ਦੀ ਮੰਗ ਸਮੇਤ ਮੁਲਾਜ਼ਮਾਂ ਨਾਲ ਸਬੰਧਤ ਵੱਖ-ਵੱਖ ਮੁੱਦਿਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ ਸੀ। ਵਧਿਆ ਹੋਇਆ ਡੀ.ਏ. 1 ਸਤੰਬਰ 2026 ਤੋਂ ਲਾਗੂ ਹੋਵੇਗਾ ਅਤੇ ਮੁਲਾਜ਼ਮਾਂ ਨੂੰ ਸਰਕਾਰੀ ਨਿਯਮਾਂ ਅਨੁਸਾਰ ਉਨ੍ਹਾਂ ਦੀ ਤਨਖਾਹ ਵਿੱਚ ਵਧੀ ਹੋਈ ਰਾਸ਼ੀ

ਮਿਲੇਗੀ। ਇਸੇ ਤਰ੍ਹਾਂ ਪੈਨਸ਼ਨਰਾਂ ਨੂੰ ਵੀ ਸਬੰਧਤ ਨਿਯਮਾਂ ਅਨੁਸਾਰ ਵਧੇ ਹੋਏ ਡੀ.ਏ. ਦਾ ਲਾਭ ਮਿਲੇਗਾ।

-----------------------------------------------------------------

ਬੈਂਕ ਯੂਨੀਅਨਾਂ ਦੀ ਸੰਯੁਕਤ ਫੋਰਮ ਵੱਲੋਂ 28 ਤੋਂ 30 ਸਤੰਬਰ ਤੱਕ ਬੁਲਾਈ ਗਈ ਤਜਵੀਜ਼ਸ਼ੁਦਾ ਤਿੰਨ ਦਿਨਾਂ ਦੇਸ਼ ਵਿਆਪੀ ਬੈਂਕ ਹੜਤਾਲ ਦੇ ਮੱਦੇਨਜ਼ਰ, ਜੋ 26 ਅਤੇ 27 ਸਤੰਬਰ ਦੀਆਂ ਛੁੱਟੀਆਂ ਦੇ ਨਾਲ ਮੇਲ ਖਾਂਦੀ ਏ, ਸਰਕਾਰ ਨੇ ਨਾਗਰਿਕਾਂ ਦੀਆਂ ਬੈਂਕਿੰਗ ਜ਼ਰੂਰਤਾਂ ਦੀ ਰਾਖੀ ਲਈ ਸਰਗਰਮ ਕਦਮ ਚੁੱਕੇ ਨੇ। ਇਹ ਯਕੀਨੀ ਬਣਾਉਣ ਲਈ ਕਿ ਲੋਕਾਂ ਦੀਆਂ ਅਸਲ ਬੈਂਕਿੰਗ ਜ਼ਰੂਰਤਾਂ ਲੰਬੇ ਸਮੇਂ ਲਈ ਪ੍ਰਭਾਵਿਤ ਨਾ ਹੋਣ, ਸਾਰੇ ਜਨਤਕ ਖੇਤਰ ਦੇ ਬੈਂਕ ਅਤੇ ਖੇਤਰੀ ਪੇਂਡੂ ਬੈਂਕ ਅਤੇ ਉਨ੍ਹਾਂ ਦੇ ਏ.ਟੀ.ਐਮ ਐਤਵਾਰ, 27 ਸਤੰਬਰ, ਨੂੰ ਆਮ ਤੌਰ 'ਤੇ ਕੰਮ ਕਰਨਗੇ। ਸਰਕਾਰ ਅਤੇ ਬੈਂਕ ਪ੍ਰਬੰਧਨ ਨੇ ਜਥੇਬੰਦੀਆਂ ਨੂੰ, ਤਜਵੀਜ਼ਸ਼ੁਦਾ ਹੜਤਾਲ ਨੂੰ ਮੁਲਤਵੀ ਕਰਨ ਦੀ ਅਪੀਲ ਵੀ ਕੀਤੀ ਏ ਅਤੇ ਇਹ ਯਕੀਨੀ ਬਣਾਉਣ ਲਈ ਵੀ ਉਪਾਅ ਕੀਤੇ ਨੇ ਕਿ ਜ਼ਰੂਰੀ ਬੈਂਕਿੰਗ ਸੇਵਾਵਾਂ ਬਿਨਾਂ ਕਿਸੇ ਰੁਕਾਵਟ ਦੇ ਜਾਰੀ ਰਹਿਣ।

-----------------------------------------------------------------

ਅੱਜ ਪੰਜਾਬ ਸਮੇਤ ਦੇਸ਼ ਭਰ ਵਿਚ 11ਵਾਂ ਰਾਸ਼ਟਰੀ ਆਯੁਰਵੈਦਿਕ ਦਿਵਸ ਮਨਾਇਆ ਜਾ ਰਿਹਾ ਏ I ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ

ਆਯੁਰਵੇਦ ਦਿਵਸ ਦੇ ਮੌਕੇ 'ਤੇ ਨਾਗਰਿਕਾਂ ਨੂੰ ਵਧਾਈਆਂ ਦਿੱਤੀਆਂ ਨੇ. ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਆਯੁਰਵੇਦ ਸਿਰਫ਼ ਇਲਾਜ ਦਾ ਇੱਕ ਤਰੀਕਾ ਨਹੀਂ ਏ, ਸਗੋਂ ਇੱਕ ਸਿਹਤਮੰਦ ਅਤੇ ਸੰਤੁਲਿਤ ਜੀਵਨ ਜਾਂਚ ਦਾ ਇੱਕ ਸ਼ਕਤੀਸ਼ਾਲੀ ਸਾਧਨ ਏ। ਪ੍ਰਧਾਨ ਮੰਤਰੀ ਨੇ ਲੋਕਾਂ ਨੂੰ ਇਸ ਅਮੀਰ ਵਿਰਸੇ ਨੂੰ ਹੋਰ ਮਜ਼ਬੂਤੀ ਨਾਲ ਅਪਣਾਉਣ ਦਾ ਸੰਕਲਪ ਲੈਣ ਦਾ ਸੱਦਾ ਦਿੱਤਾ।

-----------------------------------------------------------------------

ਏਧਰ ਰਾਸ਼ਟਰੀ ਆਯੁਰਵੈਦਿਕ ਦਿਵਸ ਮੌਕੇ ਪੰਜਾਬ ਦਾ ਸੂਬਾ ਪੱਧਰੀ ਸਮਾਗਮ ਅੱਜ ਪਟਿਆਲਾ ਸਥਿਤ ਸਰਕਾਰੀ ਆਯੁਰਵੈਦਿਕ ਕਾਲਜ ਵਿਖੇ ਕਰਵਾਇਆ ਗਿਆ I ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਇਸ ਮੌਕੇ ਸ਼ਿਰਕਤ ਕਰਦਿਆਂ ਕਿਹਾ ਕਿ ਆਯੁਰਵੇਦਿਕ ਇਲਾਜ ਪ੍ਰਣਾਲੀ ਨੂੰ ਪ੍ਰਫੁੱਲਤ ਕਰਨ ਲਈ ਪਿੰਡ-ਪਿੰਡ ਨਵ ਗ੍ਰਹਿ ਵਾਟਿਕਾ ਬਣਾਈ ਜਾਵੇਗੀ। ਉਨ੍ਹਾਂ ਕਿਹਾ ਕਿ ਅੱਜ ਸਾਡਾ ਆਹਾਰ ਤੇ ਵਿਹਾਰ ਬਹੁਤ ਬਦਲ ਗਿਆ ਏ, ਜਿਸ ਕਰਕੇ ਸਾਨੂੰ ਬਿਮਾਰੀਆਂ ਲੱਗ ਰਹੀਆਂ ਨੇ ਜਿਸ ਕਰਕੇ ਪੱਕੇ ਇਲਾਜ ਲਈ ਸਾਨੂੰ ਆਯੁਰਵੈਦਿਕ ਇਲਾਜ ਦੇ ਨਾਲ ਨਾਲ ਆਪਣਾ ਖਾਣ-ਪੀਣ ਠੀਕ ਰੱਖਣਾ ਪਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਆਯੂਸ਼ ਵਿਭਾਗ ਤੇ ਗੁਰੂ

ਰਵੀਦਾਸ ਯੂਨੀਵਰਸਿਟੀ ਆਫ ਆਯੁਰਵੇਦਾ ਨੂੰ ਆਪਸ ‘ਚ ਇਕੱਠੇ ਕਰਕੇ, ਲੋਕਾਂ ਦੇ ਬਿਹਤਰ ਇਲਾਜ ਲਈ ਵਚਨਬੱਧ ਨੇ। ਉਨ੍ਹਾਂ ਦੱਸਿਆ ਕਿ ਪਟਿਆਲਾ ਦੇ ਸਰਕਾਰੀ ਆਯੁਰਵੇਦਿਕ ਕਾਲਜ ਵਿਖੇ ਰੈਗੂਲਰ ਸਟਾਫ ਦੀ ਭਰਤੀ ਕੀਤੀ ਗਈ ਏ ਤੇ ਆਯੁਰਵੇਦਿਕ ਯੂਨੀਵਰਸਿਟੀ ਨੂੰ ਵੀ ਬਹੁਤ ਅੱਗੇ ਵਧਾਇਆ ਗਿਆ ਏ। ਉਨ੍ਹਾਂ ਅਫਸੋਸ ਜਤਾਇਆ ਕਿ ਪਿਛਲੀਆਂ ਸਰਕਾਰਾਂ ਵੱਲੋਂ ਪਿਛਲੇ ਸਮੇਂ ਵਿੱਚ ਆਯੁਰਵੇਦ ਵੱਲ ਕਦੇ ਧਿਆਨ ਨਹੀਂ ਦਿੱਤਾ ਗਿਆ ਸੀ।

---------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਜਨਤਕ ਸੇਵਾ ਵਿੱਚ 25 ਸਾਲ ਪੂਰੇ ਹੋ ਰਹੇ ਨੇ - ਇਹ ਇੱਕ ਅਜਿਹਾ ਸਫ਼ਰ ਏ ਜਿਹੜਾ 'ਜਨ ਸੇਵਾ ਤੋਂ ਦੇਸ਼ ਸੇਵਾ' ਦੇ ਮੰਤਰ ਅਤੇ ਅਟੁੱਟ ਵਚਨਬੱਧਤਾ ਨਾਲ ਪਰਿਭਾਸ਼ਿਤ ਹੁੰਦਾ ਏ ਅਤੇ ਇਹ ਸਿਲਸਿਲਾ ਜਾਰੀ ਏ ।ਸੇਵਾ ਅਤੇ ਸੁਸ਼ਾਸਨ ਦੀ ਇਸੇ ਦੂਰਅੰਦੇਸ਼ ਸੋਚ ਤੋਂ ਪ੍ਰੇਰਿਤ ਹੋ ਕੇ, ਸਰਕਾਰ 2047 ਤੱਕ 'ਵਿਕਸਿਤ ਭਾਰਤ' ਦੇ ਟੀਚੇ ਨੂੰ ਹਾਸਿਲ ਕਰਨ ਲਈ ਲਗਾਤਾਰ ਕੰਮ ਕਰ ਰਹੀ ਏ। ਸਮਾਵੇਸ਼ੀ ਵਿਕਾਸ ਅਤੇ ਸਮਾਜਿਕ ਸ਼ਕਤੀਕਰਨ ਰਾਹੀਂ, ਇਹ ਸਮਰਪਣ ਲੋਕਾਂ ਦੇ ਜੀਵਨ ਵਿੱਚ ਬਦਲਾਅ ਲਿਆ ਰਿਹਾ ਏ। ਅੱਜ, 'ਸੇਵਾ ਸੰਕਲਪ ਅਭਿਆਨ' ਦੀ ਇਸ ਵਿਸ਼ੇਸ਼ ਲੜੀ ਵਿੱਚ, ਅਸੀਂ ਤੁਹਾਡੇ ਲਈ, ਇੱਕ ਉਦਾਹਰਣ ਲੈ ਕੇ ਆਏ ਹਾਂ ਕਿ ਕਿਵੇਂ ਇਸ ਦ੍ਰਿਸ਼ਟੀਕੋਣ ਨੂੰ, ' ਇਕ

ਜ਼ਿਲਾ-ਇਕ ਉਤਪਾਦ' ਪਹਿਲਕਦਮੀ ਰਾਹੀਂ ਅਮਲ ਵਿੱਚ ਲਿਆਂਦਾ ਗਿਆ ਏ.

*ਹੋਰ ਵੇਰਵੇ ਨਾਲ ਇਕ ਰਿਪੋਰਟ :RNU230926*

*ਭਾਰਤ ਵਿੱਚ ਜ਼ਿਲ੍ਹਾ ਪੱਧਰ ਤੇ ਅਰਥਵਿਵਸਥਾਵਾਂ ਅਕਸਰ ਕਮਜ਼ੋਰ ਰਹੀਆਂ I ਸਥਾਨਕ ਉਤਪਾਦਾਂ ਦੀ ਬਾਜ਼ਾਰ ਤਕ ਪਹੁੰਚ ਬਹੁਤ ਘਟ ਸੀ ਅਤੇ ਕਾਰੀਗਰਾਂ ਦੀ ਆਮਦਨ ਵੀ ਘੱਟ ਸੀ।ਫਿਰ 'ਇੱਕ ਜ਼ਿਲ੍ਹਾ, ਇੱਕ ਉਤਪਾਦ' ਯੋਜਨਾ ਆਈ ਜਿਸ ਦਾ ਮੰਤਵ ਸੀ ਦੇਸ਼ ਦੇ ਹਰ ਜ਼ਿਲ੍ਹੇ ਦੇ ਉਤਪਾਦਾਂ ਨੂੰ ਬਾਜ਼ਾਰ ਮੁਹਈਆ ਕਰਵਾ ਕੇ ਜ਼ਿਲੇ ਅਤੇ ਉਤਪਾਦ ਬਣਾਉਣ ਵਾਲਿਆਂ ਦੇ ਅਰਥਚਾਰੇ ਨੂੰ ਮਜ਼ਬੂਤ ਕਰਨਾ। ਇਹ ਯੋਜਨਾ kendri ਵਣਜ ਅਤੇ ਉਦਯੋਗ ਮੰਤਰਾਲੇ ਦੁਆਰਾ ਸ਼ੁਰੂ ਕੀਤੀ ਗਈ ਸੀ।*

*ਦੇਸ਼ ਦੇ ਹਰੇਕ ਜ਼ਿਲ੍ਹੇ ਨੇ ਉਹ ਚੀਜ਼ ਚੁਣੀ ਜਿਸ ਵਿਚ ਉਹ ਪਹਿਲਾਂ ਹੀ ਵਧੀਆ ਕਾਮ ਕਰ ਰਿਹਾ ਸੀ ਜਿਵੇਂ ਕੇ ਕੱਪੜਾ, ਫਲ, ਸ਼ਿਲਪ ਜਾਂ ਕੁਝ ਹੋਰ I ਰਾਜ ਸਰਕਾਰਾਂ ਨੇ ਉਸ ਦੇ ਸਮਰਥਨ ਨੂੰ ਹੋਰ ਵਧਾਉਣ ਲਯੀ ਉਸਦੀ ਬ੍ਰਾਂਡਿੰਗ, ਨਿਰਯਾਤ ਅਤੇ ਈ-ਕਾਮਰਸ ਲਯੀ ਪੂਰੀ ਸਹਾਇਤਾ ਕੀਤੀ । ਪੰਜਾਬ ਨੇ ਵੀ ਇਹ ਯੋਜਨਾ ਅਪਣਾਈ ਜਿਸ ਦੇ ਤਹਿਤ ਸਾਰੇ 23 ਜ਼ਿਲ੍ਹਿਆਂ ਵਿੱਚ ਉਤਪਾਦਾਂ ਨੂੰ ਚੁਣਿਆ ਗਿਆ ਹੈ ਅਤੇ ਉਤਸ਼ਾਹਿਤ ਕੀਤਾ ਗਿਆ I ਜਿਵੇਂ ਕਿ ਜਲੰਧਰ ਵਿੱਚ ਚਮੜਾ ਅਤੇ ਆਲੂ,*

*ਤਰਨਤਾਰਨ, ਫਾਜ਼ਿਲਕਾ ਅਤੇ ਫਿਰੋਜ਼ਪੁਰ ਵਿੱਚ ਬਾਸਮਤੀ ਚੌਲ, ਹੁਸ਼ਿਆਰਪੁਰ ਵਿੱਚ ਪਲਾਈਵੁੱਡ ਦੇ ਉਤਪਾਦ vagerah । ਸੂਬੇ ਨੇ ਵੱਕਾਰੀ ਰਾਸ਼ਟਰੀ - ਇੱਕ ਜ਼ਿਲ੍ਹਾ ਇੱਕ ਉਤਪਾਦ ਪੁਰਸਕਾਰ 2024 - ਵਿੱਚ ਗੋਲਡ ਮੈਡਲ ਵੀ ਜਿੱਤਿਆ। ਦੇਸ਼ ਭਰ ਦੇ ਜ਼ਿਲ੍ਹਿਆਂ ਜਿਨ੍ਹਾਂ ਦੀ ਪਹਿਲਾਂ ਕੋਈ ਆਰਥਿਕ ਪਛਾਣ ਨਹੀਂ ਸੀ ਨੇ ਇਸ ਯੋਜਨਾ ਰਾਹੀਂ ਉਹ ਪ੍ਰਾਪਤ ਕੀਤੀ ਅਤੇ ਕਾਰੀਗਰਾਂ ਅਤੇ ਕਿਸਾਨਾਂ ਨੇ ਆਪਣੇ ਜ਼ਿਲਿਆਂ ਜਾ ਸੂਬੇ ਤੋਂ ਪਰੇ ਘਰ ਬੈਠੇ ਹੀ ਇੱਕ ਨਵੇਂ ਬਾਜ਼ਾਰ ਤੱਕ ਪਹੁੰਚ ਨੂੰ ਯਕੀਨੀ ਬਣਾਇਆ।>>> ਰਾਜੇਸ਼ ਬਾਲੀ /ਆਕਾਸ਼ਵਾਣੀ ਖ਼ਬਰਾਂ /ਜਲੰਧਰ*

----------------------------------------------------------------

*ਚੰਡੀਗੜ੍ਹ ਨੂੰ ਨਸ਼ਾ ਮੁਕਤ ਕੇਂਦਰ ਸ਼ਾਸਿਤ ਪ੍ਰਦੇਸ਼ ਬਣਾਉਣ ਲਈ, ਸ਼ਹਿਰ* ਭਰ ਦੇ ਘਰਾਂ ਦਾ ਘਰ-ਘਰ ਸਰਵੇਖਣ ਜਲਦੀ ਹੀ ਕੀਤਾ ਜਾਵੇਗਾ ਤਾਂ ਜੋ ਉਨ੍ਹਾਂ ਵਿਅਕਤੀਆਂ ਅਤੇ ਪਰਿਵਾਰਾਂ ਦੀ ਪਛਾਣ ਕੀਤੀ ਜਾ ਸਕੇ ਜਿਨ੍ਹਾਂ ਨੂੰ ਨਸ਼ੇ ਨਾਲ ਸਬੰਧਤ ਮੁੱਦਿਆਂ ਨਾਲ ਨਜਿੱਠਣ ਲਈ ਸਹਾਇਤਾ ਦੀ ਲੋੜ ਹੋ ਸਕਦੀ ਏ। ਇਹ ਗਲ ਖੁਲਾਸਾ ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਚੰਡੀਗੜ੍ਹ ਵਿੱਚ ਨਸ਼ਾ ਵਿਰੋਧੀ ਹੈਲਪਲਾਈਨ ਨੰਬਰਾਂ ਦੀ ਸ਼ੁਰੂਆਤ ਕਰਦੇ ਹੋਏ ਆਖੀ। ਇਹ ਮਾਨਸ ਹੈਲਪਲਾਈਨ ਨੰਬਰ 1933 ਤੋਂ

ਇਲਾਵਾ ਮੋਬਾਈਲ ਨੰਬਰ 82-830-40-100 ਨੇ । ਉਨ੍ਹਾਂ ਕਿਹਾ ਕਿ ਜਨਤਕ ਭਾਗੀਦਾਰੀ ਮੁਹਿੰਮ ਦਾ ਸਭ ਤੋਂ ਮਹੱਤਵਪੂਰਨ ਹਿੱਸਾ ਏ। ਉਨ੍ਹਾਂ ਲੋਕਾਂ ਨੂੰ ਅੱਗੇ ਆਉਣ, ਨਸ਼ਾ ਤਸਕਰੀ ਅਤੇ ਨਸ਼ੇ ਦੀ ਦੁਰਵਰਤੋਂ ਦੇ ਮਾਮਲਿਆਂ ਦੀ ਰਿਪੋਰਟ ਕਰਨ ਅਤੇ ਸਮਰਪਿਤ ਹੈਲਪਲਾਈਨਾਂ ਰਾਹੀਂ ਮਦਦ ਲੈਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਕਾਲ ਕਰਨ ਵਾਲਿਆਂ ਜਾਂ ਸ਼ਿਕਾਇਤ-ਕਰਤਾਵਾਂ ਦੀ ਪਛਾਣ ਅਤੇ ਸੰਪਰਕ ਵੇਰਵੇ ਪੂਰੀ ਤਰ੍ਹਾਂ ਗੁਪਤ ਰੱਖੇ ਜਾਣਗੇ ਅਤੇ ਰਿਕਾਰਡ ਵਿੱਚ ਦਰਜ ਨਹੀਂ ਕੀਤੇ ਜਾਣਗੇ।

---------------------------------------------------------------------------

ਭਾਰਤੀ ਜਨਤਾ ਪਾਰਟੀ ਵੱਲੋਂ ਸ਼ੁਰੂ ਕੀਤੀ ਗਈ , ਨਸ਼ਾ ਮੁਕਤ ਪੰਜਾਬ ਯਾਤਰਾ ਨੂੰ, ਸੂਬੇ ਭਰ ਵਿਚ ਲੋਕਾਂ ਵਲੋਂ ਭਰਵਾ ਹੁੰਗਾਰਾਂ ਮਿਲ ਰਿਹਾ ਏ।

ਸੀਨੀਅਰ ਕੇਂਦਰੀ ਆਗੂ ਅਨੁਰਾਗ ਠਾਕੁਰ, ਅੱਜ ਜ਼ਿਲ੍ਹਾ ਰੂਪਨਗਰ ਵਿਖੇ ‘ਨਸ਼ਾ ਮੁਕਤ ਯਾਤਰਾ’ ਦੀ ਅਗਵਾਈ ਕਰਨ ਅਤੇ ਲੋਕਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਲਈ ਉਚੇਚੇ ਤੌਰ ’ਤੇ ਪਹੁੰਚੇ । ਉਨ੍ਹਾਂ ਦੇ ਨਾਲ ਸੀਨੀਅਰ ਆਗੂ ਇਕਬਾਲ ਸਿੰਘ ਲਾਲਪੁਰਾ ਸਮੇਤ ਪੰਜਾਬ BJP ਦੀ ਸੀਨੀਅਰ ਲੀਡਰਸ਼ਿਪ ਵੀ ਮੌਜੂਦ ਰਹੀ । ਇਸ ਮੌਕੇ ਸ੍ਰੀ ਠਾਕੁਰ ਨੇ ਕਿਹਾ ਕਿ ਹੁਣ ਸਮਾਂ ਆ ਗਿਆ ਏ ਕਿ ਪੰਜਾਬ ਨੂੰ ਨਸ਼ਿਆਂ ਤੋਂ ਬਚਾਉਣ ਦੇ ਲਈ ਸੂਬੇ ਦੇ ਲੋਕਾਂ ਨੂੰ ਇਕੱਠਾ ਹੋਣ ਹੋਵੇਗਾ I
BYTE:RNU230926

ਓਧਰ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਦੇ ਲੰਬੀ ਤੋਂ ਨਸ਼ਾ ਮੁਕਤ ਪੰਜਾਬ ਯਾਤਰਾ ਅਗਲੇ ਗੇੜ ਲਈ ਰਵਾਨਾ ਹੋਈ। ਇਸ ਮੌਕੇ BJP ਦੇ ਕੌਮੀ ਮੀਤ ਪ੍ਰਧਾਨ ਮਨਪ੍ਰੀਤ ਸਿੰਘ ਬਾਦਲ ਨੇ ਇਕੱਤਰ ਪਾਰਟੀ ਆਗੂਆਂ ਅਤੇ ਵਰਕਰਾਂ ਨੂੰ ਸੰਬੋਧਨ ਕੀਤਾ। ਓਧਰ ਅੰਮ੍ਰਿਤਸਰ ਦੇ ਅਜਨਾਲਾ ਵਿਧਾਨ ਸਭਾ ਹਲਕੇ ਵਿੱਚ ਵੀ ਇਸ ਯਾਤਰਾ ਦਾ ਸਵਾਗਤ ਕੀਤਾ ਗਿਆ।

---

ਓਧਰ ਜ਼ਿਲਾ ਮਾਨਸਾ ਵਿਚ BJP ਵਲੋਂ ਨਸ਼ਿਆਂ ਖਿਲਾਫ ਚਲਾਈ ਮੁਹਿੰਮ ਦੀ ਝੁਨੀਰ ਰੈਲੀ ਚੋਂ ਵਾਪਸ ਪਰਤਦਿਆਂ ਪਾਰਟੀ ਵਰਕਰਾਂ ਦੀ ਕਾਰ ਨੂੰ ਪਿੰਡ ਕੋਟ ਧਰਮੂ ਨੇੜੇ ਇਕ ਤੇਜ਼ ਰਫ਼ਤਾਰ ਟਰੱਕ ਨੇ ਟੱਕਰ ਮਾਰ ਦਿੱਤੀ, ਜਿਸ ਵਿਚ ਇਕ ਨੌਜਵਾਨ ਦੀ ਮੌਤ ਹੋ ਗਈ ਤੇ ਪੰਜ BJP ਨੇਤਾ ਜਖਮੀ ਹੋ ਗਏ ਨੇ । ਇਸ ਸੰਬੰਧੀ ਮਾਨਸਾ, ਬੁਢਲਾਡਾ ਤੇ ਬੋਹਾ 'ਚ ਹੋਣ ਵਾਲੀਆਂ ਰੈਲੀਆਂ ਰੱਦ ਕਰ ਦਿਤੀਆਂ ਗਈਆਂ ਨੇ I BJP ਦੇ ਜ਼ਿਲ੍ਹਾ ਜਨਰਲ ਸਕੱਤਰ ਮੁਨੀਸ਼ ਬੱਬੀ ਦਾਨੇਵਾਲੀਆ ਨੇ ਦੱਸਿਆ ਕਿ ਇਸ ਹਾਦਸੇ ਵਿਚ ਰਮਦਿਤੇਵਾਲਾ ਵਾਸੀ ਅਰਸ਼ਦੀਪ ਸਿੰਘ ਦੀ ਮੌਤ ਹੋ ਗਈ, ਜਦੋ BJP ਨੇਤਾ ਵਿਨੋਦ ਕੁਮਾਰ ਕਾਲੀ ਗੰਭੀਰ ਰੂਪ ਚ ਜ਼ਖ਼ਮੀ ਹੋ ਗਏ, ਉਨ੍ਹਾਂ ਨੂੰ ਡੀਐਮਸੀ ਲੁਧਿਆਣਾ ਭੇਜਿਆ ਗਿਆ ਏ । ਇਸ ਤੋਂ ਇਲਾਵਾ ਹੋਰਨਾਂ ਜ਼ਖਮੀਆਂ ਨੂੰ ਇਲਾਜ ਲਈ ਏਮਜ਼ ਬਠਿੰਡਾ ਭਰਤੀ ਕਰਵਾਇਆ ਗਿਆ ਏ ।

-------------------------------------------------------------------

ਰਾਸ਼ਟਰੀ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਵਿਜਯਾ ਰਹਾਟਕਰ ਅੱਜ ਮਹਿਲਾਵਾਂ ਨਾਲ ਸਬੰਧਿਤ ਵੱਖ-ਵੱਖ ਮਾਮਲਿਆਂ ਦੀ ਸਮੀਖਿਆ ਕਰਨ ਅਤੇ ਜ਼ਮੀਨੀ ਪੱਧਰ ’ਤੇ ਉਨ੍ਹਾਂ ਦੀਆਂ ਸਮੱਸਿਆਵਾਂ ਜਾਣਨ ਲਈ ਤਰਨ ਤਾਰਨ ਪੁੱਜੇ। ਆਪਣੇ ਦੌਰੇ ਦੌਰਾਨ ਉਨ੍ਹਾਂ ਨੇ ਪੇਂਡੂ ਵਿਕਾਸ ਭਵਨ ਵਿਖੇ ਕਰਵਾਈ ਗਈ ‘ਮਹਿਲਾ ਜਨ-ਸੁਣਵਾਈ’ ਵਿੱਚ ਮਹਿਲਾਵਾਂ ਦੀਆਂ ਵੱਖ-ਵੱਖ ਸ਼ਿਕਾਇਤਾਂ ਅਤੇ ਸਮੱਸਿਆਵਾਂ ਸੁਣੀਆਂ ਅਤੇ ਸਬੰਧਤ ਅਧਿਕਾਰੀਆਂ ਨੂੰ ਇਨ੍ਹਾਂ ਦੇ ਹੱਲ ਲਈ ਲੋੜੀਂਦੀ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ।

-------------------------------------------------------------------

ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਅੱਜ ਫਗਵਾੜਾ ਦੇ ਭੁੱਲਾਰਾਏ ਪਿੰਡ ਵਿਖੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਯੋਗ ਲਾਭਪਾਤਰੀਆਂ ਨੂੰ ਸਿਹਤ ਕਾਰਡ ਵੰਡੇ। ਪੰਜਾਬ ਸਰਕਾਰ ਦੀ ਪ੍ਰਮੁੱਖ ਸਿਹਤ ਬੀਮਾ ਯੋਜਨਾ ਦਾ ਜ਼ਿਕਰ ਕਰਦਿਆਂ ਡਾ. ਚੱਬੇਵਾਲ ਨੇ ਦੱਸਿਆ ਕਿ ਯੋਜਨਾ ਦੀ ਸ਼ੁਰੂਆਤ ਤੋਂ ਹੁਣ ਤੱਕ ਇਕ ਕਰੋੜ 27 ਲੱਖ ਤੋਂ ਵੱਧ ਸਿਹਤ ਕਾਰਡ ਰਜਿਸਟਰਡ ਕੀਤੇ ਜਾ ਚੁੱਕੇ ਹਨ, ਜਿਨ੍ਹਾਂ ਰਾਹੀਂ ਲਗਭਗ 54 ਲੱਖ 6 ਹਜ਼ਾਰ ਪਰਿਵਾਰ ਕਵਰ ਹੋ ਰਹੇ ਹਨ।

-------------------------------------------------------------------

- ਪੰਜਾਬ ਸਰਕਾਰ ਵੱਲੋਂ 8 ਲੱਖ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਡੀ.ਏ. ਦਾ 8 ਫੀਸਦੀ ਵਾਧਾ ਸਤੰਬਰ ਦੀ ਤਨਖਾਹ ਨਾਲ ਮਿਲੇਗਾ- ਵਾਧੇ ਦਾ ਨੋਟੀਫਿਕੇਸ਼ਨ ਜਾਰੀ।
- ਦੇਸ਼ ਵਿਆਪੀ ਬੈਂਕ ਹੜਤਾਲ ਦੇ ਮੱਦੇਨਜ਼ਰ  ਬੈਂਕ ਯੂਨੀਅਨਾਂ ਦੀ ਸੰਯੁਕਤ ਫੋਰਮ ਵੱਲੋਂ 28 ਤੋਂ 30 ਸਤੰਬਰ ਤੱਕ ਬੁਲਾਈ ਗਈ ਤਜਵੀਜ਼ਸ਼ੁਦਾ ਤਿੰਨ ਦਿਨਾਂ ਦੇਸ਼ ਵਿਆਪੀ ਬੈਂਕ ਐਤਵਾਰ, 27 ਸਤੰਬਰ, ਨੂੰ ਖੁੱਲ੍ਹੇ ਰਹਿਣਗੇ।
- ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਵਲੋਂ ਨਸ਼ਾ ਵਿਰੋਧੀ ਹੈਲਪਲਾਈਨ ਨੰਬਰਾਂ ਦੀ ਸ਼ੁਰੂਆਤ- ਲੋਕਾਂ ਨੂੰ ਨਸ਼ਾ ਤਸਕਰੀ ਦੇ ਮਾਮਲਿਆਂ ਦੀ ਰਿਪੋਰਟ ਕਰਨ ਦੀ ਕੀਤੀ ਅਪੀਲ।
- ਸੀਨੀਅਰ ਕੇਂਦਰੀ ਆਗੂ ਅਨੁਰਾਗ ਠਾਕੁਰ ਨੇ, ਜ਼ਿਲ੍ਹਾ ਰੂਪਨਗਰ ਵਿਖੇ 'ਨਸ਼ਾ ਮੁਕਤ ਯਾਤਰਾ' ਦੀ ਅਗਵਾਈ ਕੀਤੀ।

ਅਤੇ

- ਨਸ਼ਾ ਮੁਕਤ ਯਾਤਰਾ' ਚੋਂ ਵਾਪਿਸ ਆਉਂਦੇ BJP ਵਰਕਰਾਂ ਦੀ ਕਾਰ ਮਾਨਸਾ ਵਿਚ ਹਾਦਸਾਗ੍ਰਸਤ -ਇਕ ਦੀ ਮੌਤ-5 ਜਖ਼ਮੀ ਹੋਏ।

ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ

ਅਗਲਾ ਬੁਲੇਟਿਨ ਤੁਸੀਂ ਸੁਣੋਗ 8.30 ਨਮਸਕਾਰ